# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 03-07-2025**

ਸੰਸਦ ਦਾ ਮਾਨਸੂਨ ਇਜਲਾਸ ਇਸ ਮਹੀਨੇ ਦੀ 21 ਤਰੀਕ ਨੂੰ ਸ਼ੁਰੂ ਹੋਵੇਗਾ ਅਤੇ 21 ਅਗਸਤ ਤੱਕ ਚੱਲੇਗਾ। ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਕਿਹਾ ਏ ਕਿ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਮਾਨਸੂਨ ਦਾ ਇਜਲਾਸ ਬੁਲਾਉਣ ਦੀ ਸਰਕਾਰ ਦੀ ਤਜਵੀਜ਼ ਨੂੰ ਮਨਜ਼ੂਰੀ ਦੇ ਦਿੱਤੀ ਏ । ਸ੍ਰੀ ਰਿਜਿਜੂ ਨੇ ਕਿਹਾ ਕਿ ਸਵਤੰਤਰਤਾ ਦਿਵਸ ਦੇ ਜਸ਼ਨਾਂ ਦੇ ਮੱਦੇਨਜ਼ਰ, 13 ਅਤੇ 14 ਅਗਸਤ ਨੂੰ ਕੋਈ ਬੈਠਕ ਨਹੀਂ ਹੋਵੇਗੀ ।

---

ਪੰਜਾਬ ਦੇ ਰਾਜਪਾਲ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਲੁਧਿਆਣਾ ਪੱਛਮੀ ਹਲਕੇ ਤੋਂ ਆਮ ਆਦਮੀ ਪਾਰਟੀ (ਆਪ) ਦੇ ਨਵੇਂ ਚੁਣੇ ਗਏ ਵਿਧਾਇਕ ਸੰਜੀਵ ਅਰੋੜਾ ਨੂੰ ਅਹੁਦੇ ਅਤੇ ਸਰਕਾਰੀ ਭੇਤ ਗੁਪਤ ਰੱਖਣ ਦੀ ਸਹੁੰ ਚੁਕਾਈ। ਸਹੁੰ ਚੁੱਕ ਸਮਾਗਮ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਇਲਾਵਾ ਹੋਰ ਮੰਤਰੀਆਂ ਨੇ ਵੀ ਸ਼ਿਰਕਤ ਕੀਤੀ। ਸੰਜੀਵ

ਅਰੋੜਾ ਨੇ ਹਾਲ ਹੀ ਵਿੱਚ ਸਮਾਪਤ ਹੋਈ ਲੁਧਿਆਣਾ ਪੱਛਮੀ ਵਿਧਾਨ ਸਭਾ ਉਪ-ਚੋਣ ਵਿੱਚ ਆਪਣੇ ਨਜ਼ਦੀਕੀ ਵਿਰੋਧੀ, ਕਾਂਗਰਸ ਦੇ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਤੋਂ 10,000 ਤੋਂ ਵੱਧ ਵੋਟਾਂ ਦੇ ਫਰਕ ਨਾਲ ਜਿੱਤ ਪ੍ਰਾਪਤ ਕੀਤੀ ਸੀ। ਇਸ ਸਾਲ ਜਨਵਰੀ ਵਿੱਚ ਪਾਰਟੀ ਦੇ ਵਿਧਾਇਕ ਗੁਰਪ੍ਰੀਤ ਬੱਸੀ ਗੋਗੀ ਦੀ ਮੌਤ ਤੋਂ ਬਾਅਦ ਲੁਧਿਆਣਾ ਪੱਛਮੀ ਸੀਟ ਖਾਲੀ ਹੋ ਗਈ ਸੀ।

---------------------------------------------------------------------------------

ਹੁਸ਼ਿਆਰਪੁਰ ਦੇ ਟਾਂਡਾ ਵਿਖੇ ਸਥਿਤ ਮੁਹੱਲਾ ਅਹੀਆਪੁਰ ਵਿੱਚ ਅੱਜ ਸਵੇਰੇ ਤਕਰੀਬਨ ਸਾਢੇ ਪੰਜ ਵਜੇ ਇੱਕ 2 ਮੰਜ਼ਿਲਾ ਘਰ ਦੀ ਛੱਤ ਡਿੱਗਣ ਨਾਲ 3 ਲੋਕਾਂ ਦੀ ਮੌਤ ਹੋ ਗਈ ਅਤੇ 3 ਹੋਰ ਗੰਭੀਰ ਜ਼ਖਮੀ ਹੋ ਗਏ ਨੇ। ਪ੍ਰਵਾਸੀ ਮਜ਼ਦੂਰ ਸ਼ੰਕਰ ਮੰਡਲ ਆਪਣੀਆਂ 4 ਧੀਆਂ ਅਤੇ ਪਤਨੀ ਨਾਲ ਇਸ ਘਰ ਵਿੱਚ ਰਹਿੰਦਾ ਸੀ। ਸਵੇਰੇ 5:30 ਵਜੇ ਦੇ ਕਰੀਬ ਅਚਾਨਕ ਘਰ ਦੀ ਡਿੱਗ ਗਈ ਜਿਸ ਹੇਠਾਂ ਆ ਕੇ ਪੂਰਾ ਪਰਿਵਾਰ ਦੱਬਿਆ ਗਿਆ। ਇਲਾਕੇ ਦੇ ਲੋਕਾਂ ਨੇ ਤੁਰੰਤ ਪਰਿਵਾਰ ਨੂੰ ਮਲਬੇ ਹੇਠੋਂ ਬਾਹਰ ਕੱਢਿਆ। ਇਸ ਹਾਦਸੇ ਵਿੱਚ ਸ਼ੰਕਰ ਮੰਡਲ ਅਤੇ ਉਸ ਦੀਆਂ 2 ਧੀਆਂ ਸ਼ਿਵਾਨੀ ਅਤੇ ਪੂਜਾ ਦੀ ਮੌਤ ਹੋ ਗਈ। ਸ਼ੰਕਰ ਮੰਡਲ ਦੀ

ਪਤਨੀ ਅਤੇ 2 ਹੋਰ ਧੀਆਂ ਨੂੰ ਗੰਭੀਰ ਜ਼ਖਮੀ ਹਾਲਤ ਵਿੱਚ ਟਾਂਡਾ ਦੇ ਸਰਕਾਰੀ ਹਸਪਤਾਲ ਦਾਖਲ ਕਰਵਾਇਆ ਗਿਆ ਏ।

--------------------------------------------------------------------------------

ਬਿਨੈਕਾਰਾਂ ਨੂੰ ਜਾਇਦਾਦਾਂ ਦੀ ਬਿਨਾਂ ਦੇਰੀ ਦੇ ਤੁਰੰਤ ਤੇ ਪਾਰਦਰਸ਼ੀ ਰਜਿਸਟ੍ਰੇਸ਼ਨ ਸੇਵਾਵਾਂ ਮੁਹੱਈਆ ਕਰਵਾਉਣ ਵੱਲ ਜਲੰਧਰ ਵਿਖੇ ਈਜ਼ੀ ਰਜਿਸਟਰੇਸ਼ਨ ਪ੍ਰਣਾਲੀ ਦੀ ਸ਼ੁਰੂਆਤ ਕੀਤੀ ਗਈ ਏ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਇਸ ਨਵੀਂ ਪ੍ਰਣਾਲੀ ਤਹਿਤ ਬਿਨੈਕਾਰ ਆਪਣੀ ਜਾਇਦਾਦ ਦੀ ਡੀਡ ਖੁਦ ਲਿਖ ਕੇ ਆਨਲਾਈਨ ਜਮ੍ਹਾ ਕਰਵਾ ਸਕਣਗੇ, ਜਿਸ ਤੋਂ ਬਾਅਦ ਸਬ ਰਜਿਸਟਰਾਰ ਦਫ਼ਤਰ 48 ਘੰਟਿਆਂ ਵਿੱਚ ਇਸ ਨੂੰ ਮਨਜ਼ੂਰੀ ਦੇ ਦੇਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਮਨਜ਼ੂਰੀ ਤੋਂ ਬਾਅਦ ਬਿਨੈਕਾਰ ਸਬ ਰਜਿਸਟਰਾਰ ਦਫ਼ਤਰ ਜਾ ਕੇ ਕੁਝ ਹੀ ਮਿੰਟਾਂ ਵਿੱਚ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਨੂੰ ਮੁਕੰਮਲ ਕਰ ਸਕਦੇ ਨੇ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਮਾਲ ਅਫ਼ਸਰ ਨਵਦੀਪ ਭੋਗਲ ਨੇ ਦੱਸਿਆ ਕਿ ਪਹਿਲੇ ਦਿਨ ਈਜ਼ੀ ਰਜਿਸਟ੍ਰੇਸ਼ਨ ਪ੍ਰਣਾਲੀ ਤਹਿਤ 111 ਦਸਤਾਵੇਜ਼ ਰਜਿਸਟਰ ਕੀਤੇ ਗਏ ਨੇ, ਜਿਨ੍ਹਾਂ ਵਿੱਚੋਂ 72 ਦਸਤਾਵੇਜ਼ ਸਬ ਰਜਿਸਟਰਾਰ-1 ਵਿਖੇ ਅਤੇ 39 ਦਸਤਾਵੇਜ਼ ਸਬ ਰਜਿਸਟਰਾਰ-2 ਵਿਖੇ ਰਜਿਸਟਰ ਕੀਤੇ ਗਏ ਨੇ। ਉਨ੍ਹਾਂ ਨਾਗਰਿਕਾਂ

ਨੂੰ ਡੀਡ ਸਹਾਇਤਾ ਦਾ ਲਾਭ ਲੈਣ ਦਾ ਸੱਦਾ ਦਿੱਤਾ ਜਿੱਥੇ ਉਹ ਮਾਮੂਲੀ ਫੀਸ ਦੇ ਕੇ ਮਾਹਰਾਂ ਤੋਂ ਸੇਲ ਡੀਡ ਤਿਆਰ ਕਰਵਾ ਸਕਦੇ ਨੇ।

---------------------------------------------------------------------------------

ਚੰਡੀਗੜ੍ਹ ਦੇ ਮੁੱਖ ਸਕੱਤਰ ਰਾਜੀਵ ਕੁਮਾਰ ਨੇ ਕੇਂਦਰ ਸ਼ਾਸਤ ਪ੍ਰਦੇਸ਼ ਦੇ ਸਕੱਤਰੇਤ ਵਿਖੇ ਚੰਡੀਗੜ੍ਹ ਪ੍ਰਸ਼ਾਸਨ ਅਤੇ ਭਾਰਤ ਦੀ ਵਿਲੱਖਣ ਪਛਾਣ ਅਥਾਰਟੀ UIDAI ਦੇ ਸਾਰੇ ਵਿਭਾਗ ਮੁਖੀਆਂ ਨਾਲ ਆਧਾਰ ਪ੍ਰਗਤੀ ਦੀ ਸਮੀਖਿਆ ਮੀਟਿੰਗ ਕੀਤੀ। ਚੰਡੀਗੜ੍ਹ ਵਿੱਚ ਮੁਕੰਮਲ ਕਵਰੇਜ ਤੇ ਜ਼ੋਰ ਦਿੰਦੇ ਹੋਏ ਮੁੱਖ ਸਕੱਤਰ ਨੇ ਬੈਂਕਾਂ ਅਤੇ ਸਕੂਲੀ ਸਿੱਖਿਆ ਸਮੇਤ ਸਾਰੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸਾਰੀਆਂ ਆਧਾਰ ਨਾਮਜ਼ਦਗੀ ਕਿੱਟਾਂ ਨੂੰ ਛੇਤੀ ਤੋਂ ਛੇਤੀ ਐਕਟਿਵ ਕਰਨ ਅਤੇ ਉਪਲਬਧ ਵਸੀਲਿਆਂ ਦੀ ਵਧ ਤੋਂ ਵੱਧ ਵਰਤੋਂ ਨੂੰ ਯਕੀਨੀ ਬਣਾਉਣ। ਮੁੱਖ ਸਕੱਤਰ ਨੇ 5 ਅਤੇ 15 ਸਾਲ ਦੀ ਉਮਰ ਹੋਣ 'ਤੇ ਕੀਤੇ ਜਾਣ ਵਾਲੇ ਲਾਜ਼ਮੀ ਬਾਇਓਮੀਟ੍ਰਿਕ ਅਪਡੇਟ 'ਤੇ ਚਿੰਤਾ ਪ੍ਰਗਟ ਕੀਤੀ ਅਤੇ ਨਿਰਦੇਸ਼ ਦਿੱਤੇ ਕਿ ਇਸ ਉਦੇਸ਼ ਲਈ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿਚ ਕੈਂਪ ਲਾਏ ਜਾਣ। ਉਨ੍ਹਾਂ ਨੇ ਆਧਾਰ ਨਾਲ ਸਬੰਧਤ ਸੇਵਾਵਾਂ ਨੂੰ ਮਕਬੂਲ ਬਣਾਉਣ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਸਿਫਰ ਤੋਂ ਪੰਜ ਸਾਲ ਉਮਰ ਗਰੁੱਪ ਦੀਆਂ ਆਧਾਰ ਨਾਮਜ਼ਦਗੀਆਂ ਨੂੰ ਕਵਰ ਕਰਨ ਲਈ

ਟੀਕਾਕਰਨ ਕੇਂਦਰਾਂ 'ਤੇ ਆਧਾਰ ਕਿੱਟਾਂ ਤਾਇਨਾਤ ਕਰਨ ਦੇ ਵੀ ਨਿਰਦੇਸ਼ ਦਿੱਤੇ।

---------------------------------------------------------------------------

ਪੰਜਾਬ ਦੇ ਉਦਯੋਗ ਤੇ ਵਣਜ ਵਿਭਾਗ ਦੇ ਪ੍ਰਬੰਧਕੀ ਸਕੱਤਰ ਕਮਲ ਕਿਸ਼ੋਰ ਯਾਦਵ ਨੇ ਜਲੰਧਰ ਵਿਖੇ ਵੱਖ-ਵੱਖ ਇੰਡਸਟ੍ਰੀਅਲ ਐਸੋਸੀਏਸ਼ਨਾਂ ਦੇ ਪ੍ਰਤੀਨਿਧੀਆਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਇੰਡਸਟਰੀ ਨੂੰ ਪ੍ਰਫੁੱਲਿਤ ਕਰਨ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਅਤੇ ਕਮਿਸ਼ਨਰ ਜਲੰਧਰ ਨਗਰ ਨਿਗਮ ਸਮੇਤ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪ੍ਰਬੰਧਕੀ ਸਕੱਤਰ ਨੇ ਕਿਹਾ ਹੈਂਡ ਟੂਲ ਅਤੇ ਪਾਵਰ ਟੂਲ ਇੰਡਸਟਰੀ ਜ਼ਿਲ੍ਹੇ ਦੀ ਪਛਾਣ ਏ। ਉਨ੍ਹਾਂ ਨੇ ਇਸ ਇੰਡਸਟਰੀ ਨੂੰ ਕੌਮਾਂਤਰੀ ਪੱਧਰ ’ਤੇ ਹੋਰ ਸਫ਼ਲ ਬਣਾਉਣ ਲਈ ਸੂਬਾ ਸਰਕਾਰ ਵੱਲੋਂ ਹਰ ਸੰਭਵ ਮਦਦ ਤੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ । ਉਨ੍ਹਾਂ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਮੁੱਦੇ ਤੇ ਮੰਗਾਂ ਸੁਣਦਿਆਂ ਜ਼ਿਲ੍ਹਾ ਪੱਧਰ ਨਾਲ ਸਬੰਧਤ ਸਮੱਸਿਆਵਾਂ ਦੇ ਫੌਰੀ ਨਿਪਟਾਰੇ ਲਈ ਢੁੱਕਵੇਂ ਕਦਮ ਚੁੱਕਣ ਦੀਆਂ ਹਦਾਇਤਾਂ ਵੀ ਦਿੱਤੀਆਂ। ਉਨ੍ਹਾਂ ਇਹ ਵੀ ਦੱਸਿਆ ਸੂਬੇ ਦੇ ਸਾਰੇ

ਫੋਕਲ ਪੁਆਇੰਟਾਂ ਦੇ ਢੁੱਕਵੇਂ ਰੱਖ-ਰਖਾਅ ਲਈ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਏ।

---------------------------------------------------------------------------

ਹਿਮਾਚਲ ਪ੍ਰਦੇਸ਼ ਵਿੱਚ ਮਾਨਸੂਨ ਦੀ ਭਾਰੀ ਬਾਰਿਸ਼, ਜ਼ਮੀਨ ਖਿਸਕਣ ਅਤੇ ਬੱਦਲ ਫਟਣ ਦੀਆਂ ਘਟਨਾਵਾਂ ਨੇ ਜਾਨ-ਮਾਲ ਦਾ ਕਾਫ਼ੀ ਨੁਕਸਾਨ ਕੀਤਾ ਏ ਤੇ ਪਿਛਲੇ ਮਹੀਨੇ ਦੀ 20 ਤਰੀਕ ਤੋਂ ਹੁਣ ਤੱਕ 62 ਲੋਕਾਂ ਦੀ ਮੌਤ ਹੋ ਗਈ ਏ ਅਤੇ 56 ਅਜੇ ਵੀ ਲਾਪਤਾ ਨੇ। ਮੌਸਮ ਵਿਭਾਗ ਨੇ 8 ਜੁਲਾਈ ਤੱਕ ਰਾਜ ਭਰ ਵਿੱਚ ਕਈ ਥਾਵਾਂ 'ਤੇ ਭਾਰੀ ਤੋਂ ਬੇਹੱਦ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਦੇ ਨਾਲ ਖਰਾਬ ਮੌਸਮ ਦੀ ਚੇਤਾਵਨੀ ਜਾਰੀ ਕੀਤੀ ਏ। ਇਧਰ ਪੰਜਾਬ ਭਰ ਵਿਚ ਬਹੁਤੀਆਂ ਥਾਵਾਂ ‘ਤੇ ਬਦਲਵਾਈ ਦੇ ਨਾਲ ਹਲਕੀ ਬਾਰਿਸ਼ ਹੋ ਰਹੀ ਏ। ਮੌਸਮ ਵਿਭਾਗ ਵਲੋਂ ਰਾਜਪੁਰਾ, ਡੇਰਾਬੱਸੀ, ਫਰੀਦਕੋਟ, ਮੋਗਾ, ਫਿਰੋਜ਼ਪੁਰ, ਤਰਨਤਾਰਨ, ਸੁਲ ਤਾਨਪੁਰ ਲੋਧੀ ਅਤੇ ਕਪੂਰਥਲਾ ਸਮੇਤ ਕਈ ਥਾਵਾਂ ‘ਤੇ ਦਰਮਿਆਨਾ ਮੀਂਹ ਪੈਣ ਅਤੇ ਬਿਜਲੀ ਚਮਕਣ ਤੇ ਤੇਜ਼ ਹਵਾਵਾਂ ਦੀ ਪੇਸ਼ੀਨਗੋਈ ਕੀਤੀ ਗਈ ਏ, ਜਦਕਿ ਬਾਕੀ ਥਾਵਾਂ ‘ਤੇ ਹਲਕੀ ਬਾਰਿਸ਼ ਦੀ ਸੰਭਾਵਨਾ ਏ।ਸੂਬੇ ਵਿਚ ਅੱਜ ਸਵੇਰੇ ਘੱਟੋ – ਘੱਟ ਤਾਪਮਾਨ ਹੁਸ਼ਿਆਰਪੁਰ ‘ਚ 23. 4 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਜਦਕਿ ਬਾਕੀ ਥਾਵਾਂ ‘ਚ ਵੀ

ਇਹ 24 ਤੋਂ 30 ਡਿਗਰੀ ਸੈਲਸੀਅਸ ਰਿਹਾ। ਕਲ੍ਹ ਬਠਿੰਡਾ 37.3 ਡਿਗਰੀ ਸੈਲਸੀਅਸ ਨਾਲ ਸੂਬੇ ਦਾ ਸਭ ਤੋਂ ਗਰਮ ਸ਼ਹਿਰ ਰਿਹਾ।